# Official Spokesperson's response to media queries regarding listing of Lashkar-e-Tayyiba terrorist Abdul Rehman Makki by UNSC's ISIL and Al-Qaida Sanctions Committee

January 17, 2023

................

## ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ISIL ਅਤੇ ਅਲ-ਕਾਇਦਾ ਪਾਬੰਦੀ ਕਮੇਟੀ ਦੁਆਰਾ ਲਸ਼ਕਰ-ਏ-ਤਾਇਬਾ ਦੇ ਅੱਤਵਾਦੀ ਅਬਦੁਲ ਰਹਿਮਾਨ ਮੱਕੀ ਨੂੰ ਸੂਚੀਬੱਧ ਕਰਨ ਬਾਰੇ ਮੀਡੀਆ ਦੇ ਸਵਾਲਾਂ ਦਾ ਸਰਕਾਰੀ ਬੁਲਾਰੇ ਵੱਲੋਂ ਜਵਾਬ

**17 ਜਨਵਰੀ, 2023**

ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ISIL ਅਤੇ ਅਲ-ਕਾਇਦਾ ਪਾਬੰਦੀ ਕਮੇਟੀ ਦੁਆਰਾ ਲਸ਼ਕਰ-ਏ-ਤਾਇਬਾ ਦੇ ਅੱਤਵਾਦੀ ਅਬਦੁਲ ਰਹਿਮਾਨ ਮੱਕੀ ਨੂੰ ਸੂਚੀਬੱਧ ਕਰਨ ਬਾਰੇ ਮੀਡੀਆ ਦੇ ਸਵਾਲਾਂ ਦਾ ਜਵਾਬ ਦਿੰਦੇ ਹੋਏ ਸਰਕਾਰੀ ਬੁਲਾਰੇ, ਸ਼੍ਰੀ ਅਰਿੰਦਮ ਬਾਗਚੀ ਨੇ ਕਿਹਾ:

"ਅਸੀਂ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ISIL ਅਤੇ ਅਲ-ਕਾਇਦਾ ਪਾਬੰਦੀ ਕਮੇਟੀ ਦੁਆਰਾ ਲਸ਼ਕਰ-ਏ-ਤਾਇਬਾ (LeT) ਦੇ ਅੱਤਵਾਦੀ ਅਬਦੁਲ ਰਹਿਮਾਨ ਮੱਕੀ, ਜੋ ਲਸ਼ਕਰ-ਏ-ਤੋਇਬਾ ਦੇ ਨੇਤਾ ਹਾਫ਼ਿਜ਼ ਸਈਦ ਦਾ ਜੀਜਾ ਵੀ ਹੈ, ਨੂੰ ਸੂਚੀਬੱਧ ਕੀਤੇ ਜਾਣ ਦੇ ਫੈਸਲੇ ਦਾ ਸਵਾਗਤ ਕਰਦੇ ਹਾਂ। ਮੱਕੀ ਨੇ ਸੰਗਠਨ ਅੰਦਰ ਫੰਡ ਇਕੱਠਾ ਕਰਨ ਸਮੇਤ ਲਸ਼ਕਰ ਵਿੱਚ ਵੱਖ-ਵੱਖ ਲੀਡਰਸ਼ਿਪ ਭੂਮਿਕਾਵਾਂ ਨਿਭਾਈਆਂ ਹਨ ।

ਇਸ ਖਿੱਤੇ ਵਿੱਚ ਅੱਤਵਾਦੀ ਸੰਗਠਨਾਂ ਦੇ ਅਜੇ ਵੀ ਜ਼ਿਆਦਾ ਖਤਰੇ ਹਨ ਅਤੇ UNSC ਦੁਆਰਾ ਸੂਚੀ ਪ੍ਰਕਾਸ਼ਤ ਕੀਤਾ ਜਾਨਾਂ ਅਤੇ ਪਾਬੰਦੀਆਂ ਲਾਉਣਾ ਅਜਿਹੇ ਖਤਰਿਆਂ ਨੂੰ ਰੋਕਣ ਅਤੇ ਖੇਤਰ ਵਿੱਚ ਅੱਤਵਾਦੀ ਬੁਨਿਆਦੀ ਢਾਂਚੇ ਨੂੰ ਖਤਮ ਕਰਨ ਲਈ ਪ੍ਰਭਾਵਸ਼ਾਲੀ ਸਾਧਨ ਹਨ।

ਭਾਰਤ ਅੱਤਵਾਦ ਪ੍ਰਤੀ ਜ਼ੀਰੋ ਸਹਿਣਸ਼ੀਲਤਾ ਵਾਲਾ ਨਜ਼ਰੀਆ ਅਪਣਾਉਣ ਪ੍ਰਤੀ ਵਚਨਬੱਧ ਹੈ ਅਤੇ ਅੱਤਵਾਦ ਖਿਲਾਫ ਭਰੋਸੇਯੋਗ, ਪ੍ਰਮਾਣਿਤ ਅਤੇ ਅਟੱਲ ਕਾਰਵਾਈ ਕਰਨ ਲਈ ਅੰਤਰਰਾਸ਼ਟਰੀ ਭਾਈਚਾਰੇ 'ਤੇ ਦਬਾਅ ਬਣਾਉਂਦਾ ਰਹੇਗਾ।

ਨਵੀਂ ਦਿੱਲੀ

17 ਜਨਵਰੀ, 2023

DISCLAIMER: This is an approximate translation. The original is available in English on MEA's website and may be referred to as the official press release.